ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ

ਜ਼ਿਲ੍ਹਾ ਬਰਨਾਲਾ ਵਿਚ ਰੋਟੇਸ਼ਨਲ ਸਮਾਂ ਸਾਰਨੀ ਅਨੁਸਾਰ ਖੁੱਲ੍ਹਣਗੀਆਂ ਦੁਕਾਨਾਂ

*ਨਿਰਧਾਰਿਤ ਸ਼੍ਰੇਣੀ ਅਨੁਸਾਰ ਹੀ ਦੁਕਾਨਾਂ ਸਵੇਰੇ **7** ਤੋਂ **11** ਵਜੇ ਤੱਕ ਖੁੱਲ੍ਹਣਗੀਆਂ

* ਪਹਿਲਾਂ ਵਾਂਗ ਸ਼ਾਮ **5** ਵਜੇ ਤੱਕ ਜਾਰੀ ਰਹੇਗੀ ਜ਼ਰੂਰੀ ਵਸਤਾਂ ਦੀ ਹੋਮ ਡਿਲਿਵਰੀ

*ਪੰਜਾਬ ਸਰਕਾਰ ਵੱਲੋਂ ਜਾਰੀ ਸਾਰੇ ਦਿਸ਼ਾ ਨਿਰਦੇਸ਼ਾਂ ਅਤੇ ਇਹਤਿਆਤਾਂ ਦੀ ਪਾਲਣਾ ਲਾਜ਼ਮੀ

ਬਰਨਾਲਾ, **30** ਅਪਰੈਲ
ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਬਰਨਾਲਾ ਦੀ ਹਦੂਦ ਅੰਦਰ ਦੁਕਾਨਾਂ ਖੋਲ੍ਹਣ ਸਬੰਧੀ ਕੁਝ ਰਿਆਇਤਾਂ ਦਿੱਤੀਆਂ ਗਈਆਂ ਹਨ।
ਇਹ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਦੱਸਿਆ ਕਿ ਜ਼ਿਲ੍ਹੇ ਦੇ ਪੇਂਡੂ ਖੇਤਰਾਂ ਵਿਚ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਸ਼ਾਪਜ਼ ਅਤੇ ਐਸਟੇਬਲਿਸ਼ਮੈਂਟ ਐਕਟ ਅਧੀਨ ਆਉਂਦੀਆਂ ਸਾਰੀਆਂ ਦੁਕਾਨਾਂ (ਮਲਟੀ ਬਰਾਂਡ ਤੇ ਸਿੰਗਲ ਬਰਾਂਡ ਮਾਲਜ਼ ਨੂੰ ਛੱਡ ਕੇ ) **7** ਤੋਂ **11** ਵਜੇ ਤੱਕ ਖੁੱਲ੍ਹਣਗੀਆਂ, ਪਰ ਸ਼ਹਿਰੀ ਖੇਤਰਾਂ ਵਿਚ ਰੋਟੇਸ਼ਨਲ ਸਮਾਂ ਸਾਰਨੀ ਅਨੁਸਾਰ ਦੁਕਾਨਾਂ ਖੁੱਲ੍ਹਣਗੀਆਂ। ਉਨ੍ਹਾਂ ਦੱਸਿਆ ਕਿ ਮੰਗਲਵਾਰ ਅਤੇ ਸ਼ੁੱਕਰਵਾਰ ਨੂੰ ਜਿਹੜੀਆਂ ਦੁਕਾਨਾਂ ਖੋਲ੍ਹੀਆਂ ਜਾ ਸਕਣਗੀਆਂ, ਉਨ੍ਹਾਂ ਵਿਚ ਕੱਪੜੇ/ਫੈਬਰਿਕ ਦੁਕਾਨਾਂ ਤੇ ਸਬੰਧਤ ਅਸੈਸਰੀ, ਦਰਜੀਆਂ ਦੀਆਂ ਦੁਕਾਨਾਂ (ਟੇਲਰਿੰਗ), ਸਰਾਫਾਂ ਸਮੇਤ ਸਾਰੇ ਤਰ੍ਹਾਂ ਦੇ ਗਹਿਣਿਆਂ/ਅਸੈਸਰੀ ਨਾਲ ਸਬੰਧਤ ਦੁਕਾਨਾਂ, ਕਾਸਮੈਟਿਕਸ ਦੀਆਂ ਦੁਕਾਨਾਂ, ਬੱਚਿਆਂ ਦੇ ਕੱਪੜੇ ਤੇ ਉਤਪਾਦ, ਬੈਗਜ਼/ਲੱਗੇਜ ਆਦਿ ਘਰੇਲੂ ਉਪਕਰਨ (ਗੈਰ ਇਲੈਕਟ੍ਰੋਨਿਕ) ਕਰੌਕਰੀ, ਰਸੋਈ ਦੀਆਂ ਵਸਤਾਂ, ਘਰੇਲੂ ਉਪਕਰਨ, ਇਲੈਕਟ੍ਰੋਨਿਕ ਤੇ ਇਲੈਕਟ੍ਰੀਕਲ ਉਪਕਰਨ (ਸੇਲ ਤੇ ਰਿਪੇਅਰ) ਨਾਲ ਸਬੰਧਤ ਦੁਕਾਨਾਂ ਖੁੱਲ੍ਹ ਸਕਣਗੀਆਂ।

ਸੋਮਵਾਰ ਅਤੇ ਵੀਰਵਾਰ ਨੂੰ ਮੋਬਾਈਲ ਅਤੇ ਮੋਬਾਈਲ ਰਿਪੇਅਰ ਦੁਕਾਨਾਂ, ਕੰਪਿਊਟਰ ਰਿਪੇਅਰ ਤੇ ਹਾਰਡਵੇਅਰ ਸ਼ਾਪਜ਼, ਬਿਲਡਿੰਗ ਤੇ ਉਸਾਰੀ ਉਪਕਰਨਾਂ ਸਬੰਧੀ ਸਟੋਰ ਜਿਵੇਂ ਪੇਂਟ, ਵੈਨਿਸ਼ਿੰਗ ਆਦਿ, ਕਾਰਪੇਂਟਰੀ ਉਪਰਕਰਨ, ਪਲਾਈਵੁਡ ਆਦਿ, ਗਲਾਸ ਤੇ ਮਿਰਰ, ਗਰਿੱਲ ਤੇ ਫੈਬਰੀਕੇਸ਼ਨ, ਸੀਮਿੰਟ ਤੇ ਮੋਰਟੋ ਆਦਿ ਦੀਆਂ ਦੁਕਾਨਾਂ ਖੁੱਲ੍ਹਣਗੀਆਂ।

ਬੁੱਧਵਾਰ ਤੇ ਸ਼ਨਿਚਰਵਾਰ ਨੂੰ ਆਟੋਮੋਬਾਈਲਜ਼ ਦੀ ਵਿਕਰੀ ਤੇ ਸਪੇਅਰ ਪਾਰਟਸ, ਰਿਪੇਅਰ ਤੇ ਮੇਨਟੀਨੈਂਸ ਨਾਲ ਸਬੰਧਤ ਦੁਕਾਨਾਂ, ਰਿਪੇਅਰ ਅਤੇ ਮੇਂਟੀਨੈਂਸ ਨਾਲ ਸਬੰਧਤ ਦੁਕਾਨਾਂ, ਸਟੇਸ਼ਨਰੀ ਤੇ ਗਿਫਟ ਸ਼ਾਪ (ਆਰਟ ਐਂਡ ਕ੍ਰਾਫਟ ਚੀਜ਼ਾਂ ਤੇ ਕਿਤਾਬਾਂ), ਬੇਕਰੀ ਤੇ ਕਨਫੈਕਸ਼ਨਰੀ, ਮਠਿਆਈ ਦੀਆਂ ਦੁਕਾਨਾਂ ਤੇ ਡੇਅਰੀ ਉਤਪਾਦ ਤੇ ਮੀਟ ਦੁਕਾਨਾਂ ਖੋਲ੍ਹੀਆਂ ਜਾ ਸਕਣਗੀਆਂ।

ਇਹ ਦੁਕਾਨਾਂ **7** ਤੋਂ **11** ਵਜੇ ਤੱਕ **50** ਫੀਸਦੀ ਸਟਾਫ ਨਾਲ ਖੁੱਲ੍ਹਗੀਆਂ। ਉਨ੍ਹਾਂ ਦੱਸਿਆ ਕਿ ਸਾਰੇ ਤਰ੍ਹਾਂ ਦੀਆਂ ਦੁਕਾਨਾਂ ਵਾਰੀ ਨਾਲ ਰੋਟੇਸ਼ਨਲ ਸਮਾਂ ਸਾਰਨੀ ਅਨੁਸਾਰ ਖੁੱਲ੍ਹਣਗੀਆਂ। ਉਨ੍ਹਾਂ ਕਿਹਾ ਕਿ ਦੁਕਾਨਦਾਰ ਕਰੋਨਾ ਵਾਇਰਸ ਤੋਂ ਬਚਾਅ ਲਈ ਲੋੜੀਂਦੇ ਇਹਤਿਆਤ ਵਰਤਣੇ ਜਿਵੇਂ ਮਾਸਕ, ਦਸਤਾਨੇ, ਸੈਨੇਟਾਈਜ਼ਰ ਦੀ ਵਰਤੋਂ, ਸਮਾਜਿਕ ਦੂਰੀ ਆਦਿ ਦਾ ਲਾਜ਼ਮੀ ਧਿਆਨ ਰੱਖਣਗੇ।

ਜ਼ਰੂਰੀ ਵਸਤਾਂ ਨਾਲ ਸਬੰਧਤ ਦੁਕਾਨਾਂ ਬਾਰੇ ਨਿਰਦੇਸ਼

ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਜਾਰੀ ਹੁਕਮਾਂ ਅਨੁਸਾਰ ਕਰਿਆਣਾ/ਜਨਰਲ ਸਟੋਰ, ਕੈਮਿਸਟ, ਲੈਬ ਤੇ ਖੇਤੀਬਾੜੀ

ਉਪਕਰਨਾਂ ਤੇ ਉਤਪਾਦਾਂ ਨਾਲ ਸਬੰਧਤ ਦੁਕਾਨਦਾਰ ਐਤਵਾਰ ਤੋਂ ਬਿਨਾਂ ਸਾਰੇ ਦਿਨ ਸਵੇਰੇ **7** ਵਜੇ ਤੋਂ **11** ਵਜੇ ਤੱਕ ਕਾਊਂਟਰ ਸੇਲ ਕਰ ਸਕਣਗੇ। ਇਸ ਤੋਂ ਇਲਾਵਾ ਪਾਸ ਵਾਲੇ ਦੁਕਾਨਦਾਰ ਸ਼ਾਮ **5** ਵਜੇ ਤੱਕ ਪਹਿਲਾਂ ਵਾਂਗ ਹੋਮ ਡਿਲਿਵਰੀ ਕਰ ਸਕਣਗੇ। ਇਹ ਦੁਕਾਨਾਂ ਐਤਵਾਰ ਨਹੀਂ ਖੁੱਲ੍ਹਣਗੀਆਂ। ਜ਼ਰੂਰੀ ਵਸਤਾਂ ਦੀ ਸਪਲਾਈ ਲਈ ਈ-ਕਾਮਰਸ ਸੇਵਾ ਵੀ ਜਾਰੀ ਰਹਿ ਸਕੇਗੀ। ਉਨ੍ਹਾਂ ਦੱਸਿਆ ਕਿ ਦੁੱਧ, ਸਬਜ਼ੀ, ਫਲਾਂ ਆਦਿ ਜ਼ਰੂਰੀ ਵਸਤਾਂ ਦੀ ਘਰ ਘਰ ਸਪਲਾਈ ਜਾਰੀ ਰਹੇਗੀ।

ਕਿਹੜੀਆਂ ਦੁਕਾਨਾਂ/ਅਦਾਰੇ ਨਹੀਂ ਖੁੱਲ੍ਹ ਸਕਣਗੇ
ਸ਼ਰਾਬ ਦੇ ਠੇਕੇ, ਤੰਬਾਕ ਦੀ ਵਿਕਰੀ, ਸੈਲੂਨ, ਹਜ਼ਾਮਤ ਦੀਆਂ ਦੁਕਾਨਾਂ, ਬਿਊਟੀ ਪਾਰਲਰ, ਸਾਰੇ ਵਿਦਿਅਕ, ਟਰੇਨਿੰਗ, ਕੋਚਿੰਗ ਇੰਸਟੀਚਿਊਟ, ਆਈਲੈਟਸ ਇੰਸਟੀਚਿਊਟ, ਹਾਸਪੀਟੈਲਿਟੀ ਸੇਵਾਵਾਂ, ਸ਼ਾਪਿੰਗ ਮਾਲਜ਼, ਸਾਰੇ ਸਿਨੇਮਾ ਹਾਲ, ਜਿੰਮ, ਸਪੋਰਟਸ ਕੰਪਲੈਕਸ, ਸਵਿੰਮਿੰਗ ਪੂਲ, ਐਂਟਰਟੇਨਮੈਂਟ ਪਾਰਕ, ਥੀਏਟਰ, ਬਾਰ, ਆਡੀਟੋਰੀਅਮ, ਰੈਸਟੋਰੈਂਟ, ਅਸੈਂਬਲੀ ਹਾਲ ਤੇ ਹੋਰ ਸਬੰਧਤ ਥਾਵਾਂ, ਸਾਰੇ ਤਰ੍ਹਾਂ ਦੇ ਸਮਾਜਿਕ, ਰਾਜਨੀਤਿਕ, ਖੇਡ, ਮਨੋਰੰਜਕ, ਵਿਦਿਅਕ, ਸੱਭਿਆਚਾਰਕ, ਧਾਰਮਿਕ ਸਮਾਗਮ ਤੇ ਹੋਰ ਇਕੱਠ, ਸਾਰੇ ਧਾਰਮਿਕ ਸਮਾਗਮਾਂ ’ਤੇ ਪਾਬੰਦੀ ਰਹੇਗੀ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ

ਡਿਪਟੀ ਕਮਿਸ਼ਨਰ ਨੇ ਰਮਜ਼ਾਨ ਦੇ ਪਵਿੱਤਰ ਮੌਕੇ ਕਸ਼ਮੀਰੀ ਪਰਿਵਾਰਾਂ ਨੂੰ ਵੰਡੇ ਫਲ
* ਸੂਬੇ ਤੋਂ ਬਾਹਰਲੇ ਪਰਿਵਾਰਾਂ ਨੂੰ ਨਹੀਂ ਆਉਣ ਦਿੱਤੀ ਜਾਵੇਗੀ ਕੋਈ ਦਿੱਕਤ: ਤੇਜ ਪ੍ਰਤਾਪ ਸਿੰਘ ਫੂਲਕਾ
* ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਸੰਭਵ ਮਦਦ ਦਾ ਭਰੋਸਾ ਦਿਵਾਇਆ

ਬਰਨਾਲਾ, **30** ਅਪ੍ਰੈਲ **:**

ਡਿਪਟੀ ਕਮਿਸ਼ਨਰ, ਬਰਨਾਲਾ ਸ. ਤੇਜ ਪ੍ਰਤਾਪ ਸਿੰਘ ਫੂਲਕਾ ਨੇ ਚੱਲ ਰਹੇ ਰਮਜ਼ਾਨ ਮਹੀਨੇ ਦੇ ਪਵਿੱਤਰ ਰੋਜ਼ਿਆਂ ਦੌਰਾਨ ਬਰਨਾਲਾ ਵਿੱਚ ਫਸੇ ਕਸ਼ਮੀਰੀ ਪਰਿਵਾਰਾਂ ਨੂੰ ਫਲ ਵੰਡੇ ਅਤੇ ਕਰੋਨਾ ਵਾਇਰਸ (ਕੋਵਿਡ-19) ਮਹਾਮਾਰੀ ਤੋਂ ਬਚਾਅ ਬਾਰੇ ਜਾਗਰੂਕ ਕੀਤਾ।

ਉਨ੍ਹਾਂ ਜ਼ਿਲ੍ਹੇ ਦੇ ਵਸਦੇ ਸਮੂਹ ਮੁਸਲਿਮ ਭਾਈਚਾਰੇ ਨੂੰ ਰਮਜ਼ਾਨ ਦੇ ਪਵਿੱਤਰ ਮੌਕੇ ਦੀ ਜਿੱਥੇ ਵਧਾਈ ਦਿੱਤੀ, ਉਥੇ ਲੋੜੀਂਦੇ ਇਹਤਿਆਤ ਵਰਤਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਬਰਨਾਲਾ ਵਿਖੇ ਕਸ਼ਮੀਰੀਆਂ ਜਾਂ ਹੋਰ ਬਾਹਰਲੇ ਕਿਸੇ ਵੀ ਪਰਿਵਾਰ ਨੂੰ ਕੋਈ ਵੀ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਮੁੱਚੀ ਦੁਨੀਆਂ ਵਿੱਚ ਕਰੋਨਾ ਵਾਇਰਸ ਦਾ ਕਹਿਰ ਹੈ, ਜਿਸ ਤੋਂ ਪੰਜਾਬ ਵੀ ਬਚਿਆ ਨਹੀਂ ਹੈ, ਜਿਸ ਕਾਰਨ ਸਮੁੱਚੇ ਪੰਜਾਬ ਅੰਦਰ ਕਰਫਿਊ ਲੱਗਿਆ ਹੋਇਆ ਹੈ।

ਸ. ਤੇਜ ਪ੍ਰਤਾਪ ਸਿੰਘ ਫੂਲਕਾ ਨੇ ਕਸ਼ਮੀਰੀਆਂ ਨੂੰ ਕਰੋਨਾ ਵਾਇਰਸ ਸਬੰਧੀ ਇਹਤਿਆਤ ਵਰਤਣ ’ਤੇ ਜ਼ੋਰ ਦਿੰਦਿਆ ਕਿਹਾ ਕਿ ਅਜੋਕੇ ਸਮੇਂ ਇੱਕ ਦੂਜੇ ਤੋਂ ਸਮਾਜਿਕ ਦੂਰੀ ਦੀ ਲਗਾਤਾਰ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ਅਤੇ ਮੂੰਹ ਹਰ ਵੇਲੇ ਢੱਕ ਕੇ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਆਪਣੇ ਹੱਥਾਂ ਨੂੰ ਵਾਰ-ਵਾਰ ਸਾਫ ਕੀਤਾ ਜਾਵੇ ਜਾਂ ਹੱਥਾ ਨੂੰ ਸਾਬਣ ਨਾਲ ਧੋਇਆ ਜਾਵੇ ਤਾਂ ਜੋ ਕਰੋਨਾ ਵਾਇਰਸ ਨਾ ਫੈਲ ਸਕੇ।

ਉਨ੍ਹਾਂ ਬਰਨਾਲਾ ਵਿੱਚ ਫਸੇ ਕਸ਼ਮੀਰੀ ਪਰਿਵਾਰਾਂ ਨੂੰ ਵਿਸ਼ਵਾਸ ਦਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਉਨ੍ਹਾਂ ਦੇ ਨਾਲ ਹੈ ਅਤੇ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਆਉਣ ਨਹੀਂ ਦਿੱਤੀ ਜਾਵੇਗੀ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ

ਬਾਹਰਲੇ ਸੂਬਿਆਂ ਤੋਂ ਆਉਣ ਵਾਲੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਰਾਬਤਾ ਬਣਾਉਣ: ਅਰੁਣ ਜਿੰਦਲ

ਬਰਨਾਲਾ, **30** ਅਪਰੈਲ
ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ਵਿਚ ਆਇਆ ਹੈ ਕਿ ਜ਼ਿਲ੍ਹੇ ਵਿਚ ਪਿਛਲੇ ਦਿਨੀਂ ਕੁਝ ਵਿਅਕਤੀ ਆਪਣੇ ਪੱਧਰ ’ਤੇ ਬਾਹਰਲੇ ਸੂਬਿਆਂ ਤੋਂ ਆਏ ਹਨ ਜਾਂ ਆ ਰਹੇ ਹਨ, ਪਰ ਉਨ੍ਹਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਸੂਚਿਤ ਨਹੀਂ ਕੀਤਾ ਹੈ।
ਇਹ ਪ੍ਰਗਟਾਵਾ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਅਰੁਣ ਜਿੰਦਲ ਨੇ ਆਖਿਆ ਕਿ ਜੇਕਰ ਜ਼ਿਲ੍ਹੇ ਵਿਚ ਬਾਹਰਲੇ ਸੂਬਿਆਂ ਤੋਂ ਲੋਕ ਆਏ ਹਨ ਅਤੇ ਆਪਣੀ ਸੂਚਨਾ ਜ਼ਿਲ੍ਹਾ ਪ੍ਰਸ਼ਾਸਨ ਜਾਂ ਸਿਹਤ ਵਿਭਾਗ ਨੂੰ ਨਹੀਂ ਦਿੱਤੀ ਹੈ ਤਾਂ ਉਹ ਆਪਣੀ ਸੂਚਨਾ ਜ਼ਰੂਰ ਦੇਣ। ਉਨ੍ਹਾਂ ਕਿਹਾ ਕਿ ਅਜਿਹੇ ਮਾਮਲਿਆਂ ਵਿਚ ਜੇਕਰ ਕੋਈ ਕਰੋਨਾ ਵਾਇਰਸ ਦਾ ਮਰੀਜ਼ ਆ ਜਾਂਦਾ ਹੈ ਤਾਂ ਉਸ ਵਿਅਕਤੀ ਕਰ ਕੇ ਉਸ ਦੇ ਪਰਿਵਾਰ ਜਾਂ ਸੰਪਰਕ ਵਿਚ ਆਉਣ ਵਾਲਿਆਂ ਲਈ ਵੀ ਮੁਸ਼ਕਲ ਖੜ੍ਹੀ ਹੋ ਜਾਂਦੀ ਹੈ। ਕਈ ਵਾਰ ਜਦੋਂ ਪਤਾ ਲੱਗਦਾ ਹੈ ਤਾਂ ਉਦੋਂ ਬਹੁਤ ਦੇਰ ਹੋ ਗਈ ਹੁੰਦੀ ਹੈ ਤੇ ਪਰਿਵਾਰ ਦੇ ਇਕ ਮੈਂਬਰ ਕਰ ਕੇ ਬਾਕੀ ਮੈਂਬਰ ਵੀ ਸੰਕ੍ਰਮਿਤ ਹੋ ਜਾਂਦੇ ਹਨ। ਇਸ ਲਈ ਬਾਹਰੋਂ ਆਉਣ ਵਾਲੇ ਵਿਅਕਤੀ ਬਿਨਾਂ ਕਿਸੇ ਡਰ ਜਾਂ ਝਿਜਕ ਤੋਂ ਆਪਣੇ ਬਾਰੇ ਜਾਣਕਾਰੀ ਜ਼ਿਲ੍ਹਾ ਪ੍ਰਸ਼ਾਸਨ ਜਾਂ ਸਿਹਤ ਵਿਭਾਗ ਨੂੰ ਦੇਣ ਤਾਂ ਜੋ ਉਨ੍ਹਾਂ ਦਾ ਸਮੇਂ ਸਿਰ ਚੈਕਅਪ ਕਰਾਇਆ ਜਾ ਸਕੇ ਅਤੇ ਜ਼ਿਲ੍ਹਾ ਵਾਸੀਆਂ ਨੂੰ ਕਰੋਨਾ ਵਾਇਰਸ ਤੋਂ ਬਚਾਇਆ ਜਾ ਸਕੇ। ਉਨ੍ਹਾਂ ਆਖਿਆ ਕਿ ਬਾਹਰਲੇ ਸੂਬਿਆਂ ਤੋਂ ਆਉਣ ਵਾਲੇ ਵਿਅਕਤੀ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਦੇ ਨੰਬਰ **01679-230032** ਜਾਂ ਵਟਸਐਪ ਨੰਬਰ ’ਤੇ ਆਪਣੇ ਨਾਮ, ਪਤੇ ਤੇ ਮੋਬਾਈਲ ਨੰਬਰ ਸਮੇਤ ਸਾਰੀ ਜਾਣਕਾਰੀ ਵਟਸਐਪ ਨੰਬਰ **99152-74032** ’ਤੇ ਲਾਜ਼ਮੀ ਦੇਣ। ਇਸ ਤੋਂ ਇਲਾਵਾ ਸਿਹਤ ਵਿਭਾਗ ਦੇ ਕੰਟਰੋਲ ਰੂਮ ਨੰਬਰ **01679-234777** ’ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਸਾਰੇ ਨਾਗਰਿਕ ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਬਾਹਰੋਂ ਆਉਣ ਵਾਲਿਆਂ ਬਾਰੇ ਜਾਣਕਾਰੀ ਦੇਣ।